# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

## ਵਣ ਭਵਨ, ਸੈਕਟਰ-68, ਐੱਸ.ਏ.ਐੱਸ. ਨਗਰ।

https://sssb.punjab.gov.in

**ਇਸ਼ਤਿਹਾਰ ਨੰ. 05 ਆਫ 2023** **ਵੱਖੋ ਵੱਖ ਅਸਾਮੀਆਂ ਦੀ ਗਿਣਤੀ -** 157

| ਲੜੀ ਨੰ. | ਅਸਾਮੀ ਦਾ ਨਾਮ | ਅਸਾਮੀਆਂ ਦੀ ਗਿਣਤੀ |
|---|---|---|
| 1. | ਸੀਨੀਅਰ ਸਹਾਇਕ | 12 |
| 2. | ਸੀਨੀਅਰ ਸਹਾਇਕ (ਆਈ.ਟੀ.) | 02 |
| 3. | ਸੀਨੀਅਰ ਸਹਾਇਕ (ਲੇਖਾ) | 02 |
| 4. | ਤਕਨੀਕੀ ਸਹਾਇਕ | 02 |
| 5. | ਖੋਜ ਸਹਾਇਕ | 49 |
| 6. | ਲਾਅ ਅਫ਼ਸਰ | 02 |
| 7. | ਕੁਆਲਟੀ ਮੈਨੇਜਰ | 01 |
| 8. | ਨਿੱਜੀ ਸਹਾਇਕ | 01 |
| 9. | ਜੂਨੀਅਰ ਆਡੀਟਰ | 60 |
| 10. | ਡਰਾਫਟਸਮੈਨ | 01 |
| 11. | ਇਨਸਟ੍ਰਕਟਰ | 25 |
| | ਕੁੱਲ ਅਸਾਮੀਆਂ | **157** |


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾ | 2 |
| 3. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 2-6 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 6 |
| 5. | ਤਨਖਾਹ ਸਕੇਲ ਅਤੇ ਭੱਤੇ | 6-7 |
| 6. | ਵਿੱਦਿਅਕ ਯੋਗਤਾ | 7-11 |
| 7. | ਉਮਰ ਸੀਮਾ | 11-12 |
| 8. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 12 |
| 9. | ਫੀਸ ਸੰਬੰਧੀ ਵੇਰਵਾ | 13 |
| 10. | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ | 13 |
| 11. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 14 |
| 12. | ਅਪਲਾਈ ਕਰਨ ਦੀ ਵਿਧੀ | 15-16 |
| 13 | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 16-17 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਣ, ਸੈਕਟਰ-68, ਐੱਸ.ਏ.ਐੱਸ. ਨਗਰ।**

https://sssb.punjab.gov.in

**ਇਸ਼ਤਿਹਾਰ ਨੰ.**
**05 ਆਫ 2023**

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ:**

| | |
|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | 23-08-2023 |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | 30-08-2023 |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ:** | 27-09-2023 |
| **ਫੀਸ ਭਰਨ ਦੀ ਆਖਰੀ ਮਿਤੀ:** | 29-09-2023 |

1.. **ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਬੀ ਅਤੇ ਗਰੁੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

2. **ਵਿਸਥਾਰ ਪੂਰਵਕ ਸੂਚਨਾ**

ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਗਰੁੱਪ 'ਬੀ' ਦੀਆਂ ਅਸਾਮੀਆਂ ਲਈ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ ਦਰਸਾਏ ਵਿਭਾਗਾਂ ਦੀਆਂ ਵੱਖੋ-ਵੱਖਰੀਆਂ ਅਸਾਮੀਆਂ ਦੀ ਭਰਨ ਲਈ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ 30/08/2023 ਤੋਂ 27/09/2023 ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**3. ਅਸਾਮੀਆਂ ਦਾ ਕੈਟਾਗਿਰੀ-ਵਾਈਜ਼ ਵਰਗੀਕਰਨ**

**(i) ਅਸਾਮੀ ਦਾ ਨਾਮ :- ਸੀਨੀਅਰ ਸਹਾਇਕ (12)**

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 1. | ਡਾਇਰੈਕਟਰ, ਸੈਰ ਸਪਾਟਾ ਵਿਭਾਗ | General | 01 | - |
| 2. | ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ (ਭਲਾਈ ਸੈਲ ਨਾਨ ਪਲਾਨ) | General | 01 | - |
| 3. | ਡਾਇਰੈਕਟੋਰੇਟ, ਸਭਿਆਚਾਰਕ ਮਾਮਲੇ ਵਿਭਾਗ, ਪੰਜਾਬ | General | 01 | - |
| | | S.C. (M&B) | 01 | 01 |
| 4. | ਡਾਇਰੈਕਟੋਰੇਟ, ਸ਼ਹਿਰੀ ਹਵਾਬਾਜੀ ਵਿਭਾਗ | General | 01 | - |
| 5. | ਡਾਇਰੈਕਟਰ, ਪੁਰਾਲੇਖ ਵਿਭਾਗ, ਪੰਜਾਬ | General | 01 | - |
| 6. | ਡਾਇਰੈਕਟਰ, ਖਜ਼ਾਨਾ ਤੇ ਲੇਖਾ ਸ਼ਾਖਾ, ਵਿੱਤ ਵਿਭਾਗ | General | 03 | 01 |
| | | S.C.(M&B) | 01 | - |
| 7. | ਡਾਇਰੈਕਟੋਰੇਟ, ਪੰਜਾਬ ਰਾਜ ਲਾਟਰੀਜ਼ (ਪ੍ਰਬੰਧਕੀ ਸ਼ਾਖਾ) | General | 01 | - |
| | | SC(M&B) | 01 | - |
| | | **Total** | **12** | |

(ii) ਅਸਾਮੀ ਦਾ ਨਾਮ :- ਸੀਨੀਅਰ ਸਹਾਇਕ (ਆਈ.ਟੀ.) (02)

| Sr. No. | Name of the Department | Category | | Total No. of Vacancies | Vacancies reserved for Women |
|---|---|---|---|---|---|
| 01 | ਡਾਇਰੈਕਟੋਰੇਟ, ਸੈਰ ਸਪਾਟਾ ਵਿਭਾਗ | General | - | 01 | 01 |
| | | S.C. | (M&B) | 01 | 01 |
| | | | | | |

(iii) ਅਸਾਮੀ ਦਾ ਨਾਮ :- ਸੀਨੀਅਰ ਸਹਾਇਕ (ਲੇਖਾ) (02)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਡਾਇਰੈਕਟੋਰੇਟ, ਪੰਜਾਬ ਰਾਜ ਲਾਟਰੀਜ਼ (ਪ੍ਰਬੰਧਕੀ ਸ਼ਾਖਾ) | General | 01 | - |
| | | SC(M&B) | 01 | - |
| | | **Total** | **02** | |

(iv) ਅਸਾਮੀ ਦਾ ਨਾਮ :- ਤਕਨੀਕੀ ਸਹਾਇਕ (02)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 1 | ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ | General | 01 | - |
| | | S.C. (R&O) | 01 | 01 |
| | | **Total** | **02** | |

(v) ਅਸਾਮੀ ਦਾ ਨਾਮ :- ਖੋਜ ਸਹਾਇਕ (49)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਜਲ ਸਰੋਤ ਵਿਭਾਗ, ਪੰਜਾਬ | General | 04 | 01 |
| | | S.C. (M&B) | 01 | 01 |
| | | S.C. (R&O) | 01 | - |
| | | Ex- Serviceman General | 01 | 01 |
| | | **Total** | **07** | |
| 02 | ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ | General | 18 | - |
| | | S.C. (M&B) | 04 | - |
| | | S.C. (R&O) | 04 | - |
| | | BC | 04 | - |
| | | Ex- Serviceman General | 03 | - |
| | | Ex- Serviceman S.C. (M&B) | 01 | - |
| | | Ex- Serviceman S.C. (R&O) | 01 | - |
| | | Sports (General) | 02 | - |
| | | Physical Handicapped (Ortho) | 01 | - |
| | | EWS | 04 | - |
| | | **Total** | **42** | |

(vi) ਅਸਾਮੀ ਦਾ ਨਾਮ :- ਲਾਅ ਅਫ਼ਸਰ (02)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਜਲ ਸਰੋਤ ਵਿਭਾਗ, ਪੰਜਾਬ | General | 01 | 01 |
| | | S.C. (M & B) | 01 | 01 |

(vii) ਅਸਾਮੀ ਦਾ ਨਾਮ :- ਨਿੱਜੀ ਸਹਾਇਕ (01)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਡਾਇਰੈਕਟੋਰੇਟ, ਸਭਿਆਚਾਰਕ ਮਾਮਲੇ ਵਿਭਾਗ, ਪੰਜਾਬ | General | 01 | - |

(viii) ਅਸਾਮੀ ਦਾ ਨਾਮ :- ਕੁਆਲਟੀ ਮੈਨੇਜਰ (01)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਡਾਇਰੈਕਟੋਰੇਟ, ਸ਼ਹਿਰੀ ਹਵਾਬਾਜੀ ਵਿਭਾਗ | General | 01 | - |

(ix) ਅਸਾਮੀ ਦਾ ਨਾਮ :- ਜੂਨੀਅਰ ਆਡੀਟਰ (60)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਵਿੱਤ ਵਿਭਾਗ (ਸਥਾਨਕ ਫੰਡ ਲੇਖਾ) | General | 25 | 07 |
| | | SC (M&B) | 07 | 03 |
| | | SC (R&O) | 05 | 02 |
| | | BC | 05 | 02 |
| | | ESM General | 04 | 02 |
| | | ESM SC (M&B) | 02 | - |
| | | ESM SC (R&O) | 01 | - |
| | | ESM BC | 01 | - |
| | | Sports General | 02 | 01 |
| | | Physical Handicapped (Hearing Impaired) | 02 | 01 |
| | | EWS | 06 | 02 |

(x) ਅਸਾਮੀ ਦਾ ਨਾਮ :- ਡਰਾਫਟਸਮੈਨ (01)

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਡਾਇਰੈਕਟਰ, ਸਭਿਆਚਾਰਕ ਮਾਮਲੇ, ਪੁਰਾਤੱਤਵ ਅਤੇ ਅਜਾਇਬਘਰ ਵਿਭਾਗ, ਪੰਜਾਬ | SC M&B | 01 | - |

**(xi) ਅਸਾਮੀ ਦਾ ਨਾਮ :- ਇਨਸਟ੍ਰਕਟਰ (25)**

| Sr. No. | Name of the Department | Category | Total No. of Vacancies | Vacancies reserved for Women |
|---|---|---|---|---|
| 01 | ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ | General | 10 | - |
| | | SC (M&B) | 03 | - |
| | | SC (R&O) | 02 | - |
| | | BC | 02 | - |
| | | ESM General | 01 | - |
| | | ESM SC (M&B) | 01 | - |
| | | ESM BC | 01 | - |
| | | Sports General | 01 | - |
| | | Physical Handicapped (Ortho) | 01 | - |
| | | EWS | 03 | |

**ਨੋਟ**: (ੳ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਾਪਤ ਮੰਗ ਪੱਤਰ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ਼ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ ਜਾਂ ਇਸ਼ਤਿਹਾਰ ਨੂੰ ਮੂਲ ਰੂਪ ਵਿੱਚ ਵਾਪਿਸ ਲਿਆ ਜਾ ਸਕਦਾ ਹੈ। ਅਜਿਹੀ ਹਰ ਤਰਾਂ ਦੀ ਕਾਰਵਾਈ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

(ਅ) ਸਮੱਰਥ ਅਥਾਰਟੀ ਵੱਲੋਂ ਜੇਕਰ ਕਿਸੇ ਨਵੇਂ ਵਿਭਾਗ ਤੋਂ ਗਰੁੱਪ-ਬੀ ਦੀਆਂ ਹੋਰ ਅਸਾਮੀਆਂ ਪ੍ਰਾਪਤ ਹੁੰਦੀਆਂ ਹਨ, ਤਾਂ ਬੋਰਡ ਦੁਆਰਾ ਅਸਾਮੀਆਂ ਦੀ ਗਿਣਤੀ ਵਧਾਉਣ ਸਬੰਧੀ, ਇਸ ਭਰਤੀ ਵਿੱਚ ਸੋਧ ਕਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

(ੲ) ਸਾਬਕਾ ਫੌਜ਼ੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜ਼ੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(ਸ) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08/05/2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ ਖੁਦ ਜਾਂ ਸਾਬਕਾ ਫੌਜ਼ੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ :-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of

an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second provision."

4. **ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ**:-

| Sr. No. | Category | Code |
|---|---|---|
| 1 | General | 101 |
| 2 | Economically Weaker Section (GEN) | 102 |
| 3 | S.C. (Mazhbi & Balmiki) | 103 |
| 4 | S.C. (Ramdasia & Others) | 104 |
| 5 | B.C. (Backward Class) | 105 |
| 6 | Ex. Service Men-General (Self) | 106 |
| 7 | Ex. Service Men-General (Dependent) | 107 |
| 8 | Ex. Service Men –S.C.(Mazhbi & Balmiki) (Self) | 108 |
| 9 | Ex. Service Men –S.C. (Mazhbi & Balmiki) (Dependent) | 109 |
| 10 | ESM S.C (R & O) (Self) | 110 |
| 11 | ESM S.C (R & O) (Dependent) | 111 |
| 12 | ESM B.C (Self) | 112 |
| 13 | ESM B.C (Dependent) | 113 |
| 14. | Sports General | 114 |
| 15. | Sports –S.C.(Mazhbi & Balmiki) | 115 |
| 16. | Sports –S.C.( R & O) | 116 |
| 17. | Physical Handicapped (Ortho) | 117 |
| 18. | Physical Handicapped (VH) | 118 |
| 19. | Physical Handicapped (HH) | 119 |
| 20. | Physical Handicapped (MI /MD) | 120 |
| 21. | Freedom fighter | 121 |

5. **ਤਨਖਾਹ ਸਕੇਲ ਅਤੇ ਭੱਤੇ**:-

| ਲੜੀ ਨੰ. | ਅਸਾਮੀ ਦਾ ਨਾਮ | ਤਨਖਾਹ ਸਕੇਲ ਅਤੇ ਭੱਤੇ |
|---|---|---|
| 1. | **ਸੀਨੀਅਰ ਸਹਾਇਕ** | 35,400/- |
| 2. | **ਸੀਨੀਅਰ ਸਹਾਇਕ** (ਆਈ.ਟੀ.) | 35,400/ |
| 3. | **ਸੀਨੀਅਰ ਸਹਾਇਕ** (ਲੇਖਾ) | 35,400/ |
| 4. | **ਤਕਨੀਕੀ ਸਹਾਇਕ** | 35,400/ |
| 5. | **ਖੋਜ ਸਹਾਇਕ** | 35,400/ |
| 6. | **ਲਾਅ ਅਫ਼ਸਰ** | 35,400/ |
| 7. | **ਕੁਆਲਟੀ ਮੈਨੇਜਰ** | 35,400/ |
| 8. | **ਨਿੱਜੀ ਸਹਾਇਕ** | 35,400/ |
| 9. | **ਜੂਨੀਅਰ ਆਡੀਟਰ** | 35,400/ |

| | | |
|---|---|---|
| 10. | **ਡਰਾਫਟਸਮੈਨ** | 35,400/ |
| 11. | **ਇਨਸਟ੍ਰਕਟਰ** | 35,400/ |

ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਲਾਗੂ ਹੋਣਗੇ।

**6. ਵਿਦਿਅਕ ਯੋਗਤਾ :-**

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ |
|---|---|---|
| 1. | **ਸੀਨੀਅਰ ਸਹਾਇਕ** | (i) Possess the Bachelor's Degree from a recognized University or Institution; and<br>(ii) Qualifies in the competitive test specified by the appointing authority from time to time; and<br>(iii) Possess at least 120 hrs course with hand on experience in the use of personal computer or Information Technology in office productivity Application or Desktop publishing applications from a Government recognized Institution or a reputed Institution which is, ISO 9001, certified<br>OR<br>Possess a computer Information Technology Course equivalent to 'O' level certificate of Department of Electronics Accreditation of Computer Course (DOEACC) of Government of India.<br>(2) The Person so appointed as Senior Assistant in terms of the Provisions of Sub-rule (i), Shall have, before his appointment, qualified a test in English and Punjabi typewriting on Computer to be conducted by the Board or the appointing authority or the Department of Information Technology, as the case may be, at a speed of thirty words per minute. |
| 2. | **ਸੀਨੀਅਰ ਸਹਾਇਕ (ਆਈ.ਟੀ.)** | Should posses a degree in B.E. or B.Tech in Information Technology or Electronics and Communication or Computer Science from a recognized university or institution with minimum of fifty per cent marks in aggregate in each case, **or** Should possess a Master's degree in Computer Applications from a recognized university or institution with minimum of fifty per cent marks in aggregate and should have an experience of two years in the field of Information and |

| | | |
|---|---|---|
| | | Communication Technology. |
| 3. | ਸੀਨੀਅਰ ਸਹਾਇਕ (ਲੇਖਾ) | 1. Should posses a degree of B.com IInd class from recognized university or institution and experience of accounts for a period of three years in a commercial organization.<br>2.Qualifies in the competitive test specified by the appointing authority from time to time; and<br>3. Possesses at least one hundred and twenty hour course with hands on experience in the use of Personal Computer or Information Technology in Office Productivity applications or Desktop Publishing applications from a Government recognized institution or a reputed institution, which is ISO 9001, certified.<br>OR<br>Possesses a computer Information Technology Course equivalent to "O" level certificate of Department of Electronics Accreditation of Computer Course (DOEACC) of Government of India.<br>(2) The person so appointed as Senior Assistant in terms of the Provisions of sub-rule(1). shall have before his appointment (passed a test in English and before his appointment, (passed a test in English and Punjabi, respectively) type in English and Punjabi, respectively typewriting on computer to be conducted by the Board or the appointing authority or the department of Information Technology, as the case may be, at a speed of thirty words per minute:<br>Provided that where appointment of Group 'B' non-technical post is offered to a war hero, who has been discharged from defense service or dependent member of his family under the instruction issued in this behalf by the Government, the educational qualification to be possessed by such person shall be graduate from recognized university or institution. However, such person shall not be required to qualify the test in Punjabi typewriting as provided in sub-rule (2). |
| 4. | ਤਕਨੀਕੀ ਸਹਾਇਕ | Should have a Master's Degree (with at least fifty per cent marks) from a recognized university or an institution in Economics or Mathematics or Agriculture Economics or Commerce with Statistics as one of the papers or Master's degree (with at least fifty per cent marks) from a recognized |

| | | |
|---|---|---|
| | | university or an institution in Statistics:<br>Provided that preference shall be given to a person having an experience in collection, compilation and analysis of Statistical data in a Government office or a recognized institution on a post identical or similar to Statistical Assistant in the Economic and Statistical Organization, Punjab for a minimum period of one year;<br>OR<br>Should have a Master's Degree (with less than fifty per cent marks) from a recognized university or an institution in Economics or Mathematics or Agriculture Economics or Commerce with Statistics as one of the papers or Master's degree (**with less than fifty per cent marks**) from a recognized university or an institution in Statistics;<br>and Should possess an experience of collection, compilation and analysis of statistical data in a Government office or a recognized institution on a post identical or similar to Statistical Assistant in the Economic and Statistical Organization, Punjab for a minimum period of three years. |
| 5. | **ਖੋਜ ਸਹਾਇਕ (ਜਲ ਸਰੋਤ ਵਿਭਾਗ)** | Should possesses the Bachelor’s Degree of Science (Non-Medical) or Bachelor’s Degree in Science (Honors) or B.Tech (Civil) with minimum sixty percent marks in aggregate from a recognized university or an institution in any of the subjects such as Physics, Chemistry and Mathematics |
| 6. | **ਖੋਜ ਸਹਾਇਕ (ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ)** | i) Should have passed degree of Post-Graduation preferably in Punjabi, Hindi or English with at least fifty five percent marks from a recognized University or an Institution;<br>ii) Should have possessed creative writing skills in the field of writing of Articles, Research Papers, Journals of high repute or books<br>Or<br>Should have acquired two years teaching experience in any Govt. run School, affiliated or recognized College or University. |
| 7. | **ਲਾਅ ਅਫ਼ਸਰ** | Should have passed a professional Degree in Law from a recognized university or an institution, who have at least three years experience as an Advocate at Bar or have an experience of post involving legal work. |
| 8. | **ਕੁਆਲਟੀ ਮੈਨੇਜਰ** | (a) Should have passed 10+2 Examination from a recognized |

| | | |
|---|---|---|
| | | Board or institution and should posses three years course in Aircraft Maintenance Engineering, approved by the Director General, Civil Aviation Government of India, New Delhi.<br>b) Should have five years' experience in reputed Aviation organization in Quality Control Cell and having knowledge of Quality System and human factor in aviation;<br>c) Should posses a Computer Information Technology Course equivalent to 'O' level certificate of the Department of Electronics Accreditation of Computer Course (DOEACC) of Government of India. |
| 9. | ਨਿੱਜੀ ਸਹਾਇਕ | (i) Should be Graduate from a recognized university.<br>(ii) The passage in Punjabi shall be dictated at a speed of 100 words per minute in Punjabi Language required to be transcribed these (on typewriter/ computer) at a speed of 20 words per minutes; and<br>iii) The passage in English shall be dictated at a speed of 60 words per minute in English required to be transcribed these (on typewriter/ computer) at the speed of 12 words per minutes.<br>iv) Possesses at least one hundred and twenty hours course with hands on experience in the use of Personal Computer or Information Technology in Office Productivity applications or Desktop Publishing applications from a Government recognized institution or a reputed institution, which is ISO 9001, certified<br>OR<br>Possesses a Computer Information Technology course equivalent to 'O' Level certificate of Department of Electronics Accreditation of Computer Course (DOEACC) of Government of India. |
| 10. | ਜੂਨੀਅਰ ਆਡੀਟਰ | Should possess a degree in B.Com (1st Division) or M.Com (IInd Division) from a recognized university/institution. As Per appendix 'B' of Punjab Local Audit (Group B) Service Rules 2017 read with FD Notification dated 22.12.2021 |
| 11. | ਡਰਾਫਟਸਮੈਨ | (i) Should have passed examination of Matriculation with Punjabi as one of the subjects from recognized University or institute; and |

| | | |
|---|---|---|
| | | (ii) Should possess two years Certificate of Draftsman Civil from an Industrial Training Institute or higher Qualification in same discipline from recognized university or institute. |
| 12. | **ਇਨਸਟ੍ਰਕਟਰ** | i) Should have passed Graduation from a recognized University or an Institution should have studied Punjabi as an elective subject for three years of Graduation;<br>ii) Should have qualified test of Punjabi Stenography at the speed of hundred words per minute on Computer; and<br>iii) Should have possessed at least on year experience as Stenographer in a Govt. office or recognized Institution.<br>Or<br>Should have passed test of Adhyan and Adhyapan course of Punjabi Stenography from the Language Deptt. Punjab. |

ਨੋਟ :- (I) ਉਪਰ ਦਰਸਾਈਆਂ ਵੱਖ ਵੱਖ ਤਰ੍ਹਾਂ ਦੀਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

"17.Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time."

(II) ਵਿੱਦਿਅਕ ਯੋਗਤਾਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ / ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

7. **ਉਮਰ ਸੀਮਾ**:-

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2023 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VI) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

ਨੋਟ:- **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ** NOC **ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**8. Reservation / ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ**:-

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਸੰਬੰਧੀ ਸਰਟੀਫਿਕੇਟ (Domicile Certificate/Residence ਅਪਲੋਡ/ਪੇਸ਼ ਕਰੇਗਾ।) (ਇਹ ਸਰਟੀਫਿਕੇਟ ਹਰ ਉਮੀਦਵਾਰ (ਇਸਤਰੀ ਜਾਂ ਪੁਰਸ਼) ਵੱਲੋਂ ਚਾਹੇ ਉਹ ਕਿਸੇ ਵੀ ਕੈਟਾਗਰੀ ਨਾਲ ਸੰਬੰਧ ਰੱਖਦਾ ਹੋਵੇ, ਪੇਸ਼ ਕਰਨਾ ਲਾਜ਼ਮੀ ਹੈ।) ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ/EWS ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

9. **ਫੀਸ ਸਬੰਧੀ ਵੇਰਵਾ**:-

| | | |
|---|---|---|
| ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁ: |
| ਐਸ.ਸੀ.(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) | - | 250/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) | - | 200/- ਰੁ: |
| ਦਿਵਿਆਂਗਜਨ (Handicapped) | - | 500/- ਰੁ: |

ਨੋਟ: **ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।**

10. **ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ**:-

1. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਏਗੀ ਅਤੇ ਉਕਤ ਦਰਸਾਏ ਅਨੁਸਾਰ ਕੁੱਝ ਆਸਾਮੀਆਂ ਦਾ ਅੰਗਰੇਜ਼ੀ ਅਤੇ ਪੰਜਾਬੀ ਦਾ ਟਾਈਪਿੰਗ ਟੈਸਟ ਵੀ ਲਿਆ ਜਾਵੇਗਾ।

2 ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

3 ਲਿਖਤੀ ਪ੍ਰੀਖਿਆ/ਟਾਇਪਿੰਗ ਟੈਸਟ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

11. **ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ**:

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਅਪਲਾਈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਅਪਲਾਈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

12. **ਅਪਲਾਈ ਕਰਨ ਦੀ ਵਿਧੀ**:

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 30/08/2023 ਤੋਂ 27/09/2023 ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਟਾਈਟਲ "Instructions for applying online" ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਜਿਹੜੀ ਪੋਸਟ ਲਈ ਅਪਲਾਈ ਕਰਨਾ ਹੈ, ਉਸ ਪੋਸਟ ਦੇ ਲਿੰਕ ਤੇ ਕਲਿਕ ਕਰਨ। ਇਸ ਉਪਰੰਤ ਉਮੀਦਵਾਰ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ

ਵਾਲਾ ਸਰਟੀਫਿਕੇਟ, ਗਰੈਜੁਏਸ਼ਨ, ਪੋਸਟ ਗਰੇਜੁਏਸ਼ਨ, ਕੰਪਿਊਟਰ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application --Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) **ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 29.09.2023 ਹੋਵੇਗੀ।** ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ Login ਕਰਨਗੇ। Login ਕਰਨ ਉਪਰੰਤ ਉਮੀਦਵਾਰ "Proceed to Fee Payment" ਤੇ ਕਲਿਕ ਕਰਕੇ ਅਪਣੀ ਫੀਸ ਅਦਾ ਕਰਨਗੇ।

(VI) ਉਮੀਦਵਾਰ Online Application Submit ਕਰਨ ਉਪਰੰਤ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form Submit/ਜਮ੍ਹਾਂ ਹੋਣ ਦੀ ਮਿਤੀ ਤੋਂ 2 ਦਿਨ ਬਾਅਦ ਫੀਸ ਅਦਾ ਕਰਨ ਦੀ ਆਖਰੀ ਮਿਤੀ 29.09.2023, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application Form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

13. **ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ**:

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ). ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਟ ਵਿੱਚ ਇੱਕ ਹੀ ਫਾਇਲ ਵਿੱਚ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਖ) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਗ) ਲਿਖਤੀ ਪ੍ਰੀਖਿਆ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਘ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107), 0172-2298083, ਹੈਲਪਲਾਈਨ ਨੰਬਰ 9646932955, 9041799018 ਤੇ ਅਤੇ ਈਮੇਲ ਆਈ.ਡੀ. helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਙ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**-ਸਹੀ-**

**ਸਥਾਨ: ਐਸ.ਏ.ਐਸ. ਨਗਰ** — **ਚੇਅਰਮੈਨ**

**ਮਿਤੀ : 20.08.2023** — **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**